ਜਗਰਾਉਂ
ਅਜੀਤ, ਜਲੰਧਰ
ਅਜੀਤ
ਸੋਮਵਾਰ, 9 ਦਸੰਬਰ 2024

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਅਮਿੱਟ ਯਾਦਾਂ ਛੱਡਦਾ ਹੋਇਆ 32ਵਾਂ ਅਕਾਲਗੜ੍ਹ ਹਾਕੀ ਟੂਰਨਾਮੈਂਟ ਹੋਇਆ ਸਮਾਪਤ

• ਟੂਰਨਾਮੈਂਟ ਦੇ ਸਮਾਪਤੀ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਪੁੱਜੇ ਪੰਚਾਇਤ ਮੰਤਰੀ ਤਰਨਜੋਤ ਸਿੰਘ ਸੌਂਦ • ਪੂਹਲੀ ਟੀਮ ਨੇ ਜਿੱਤਿਆ ਅਕਾਲਗੜ੍ਹ ਹਾਕੀ ਕੱਪ

ਗੁਰੂਸਰ, 8 ਦਸੰਬਰ (ਜਗਪਾਲ ਸਿੰਘ ਸਿਵੀਆਂ)-ਪਿੰਡ ਅਕਾਲਗੜ੍ਹ ਕਲਾਂ ਦੇ ਫਰੀਡਮ ਫਾਈਟਰ ਸਵ: ਪੰਡਿਤ ਅਮਰਨਾਥ ਯਾਦਗਾਰੀ ਹਾਕੀ ਖੇਡ ਸਟੇਡੀਅਮ ਵਿਖੇ ਖੇਡੇ ਜਾ ਰਹੇ 32ਵੇਂ ਚਾਰ ਰੋਜ਼ਾ ਹਾਕੀ ਟੂਰਨਾਮੈਂਟ ਪੂਰੇ ਜ਼ੋਬਨ 'ਤੇ ਆਖਰੀ ਦਿਨ ਜੋਸ਼ੋ ਖਰੋਸ਼ ਨਾਲ ਸਮਾਪਤ ਹੋਇਆ। ਟੂਰਨਾਮੈਂਟ ਦੇ ਸਮਾਪਤੀ ਸਮਾਰੋਹ ਮੌਕੇ ਪੰਜਾਬ ਸਰਕਾਰ ਦੇ ਪੰਚਾਇਤ ਮੰਤਰੀ ਤਰੁਨਜੋਤ ਸਿੰਘ ਸੌਂਦ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਟੂਰਨਾਮੈਂਟ ਦੌਰਾਨ ਕੈਬਨਿਟ ਮੰਤਰੀ ਤਰੁਨਜੋਤ ਸਿੰਘ ਸੌਂਦ ਵਲੋਂ ਖੇਡ ਗਰਾਊਂਡ 'ਚ ਪਹੁੰਚ ਕੇ ਹਾਕੀ ਟੀਮਾਂ ਦੀ ਹੌਸਲਾ ਅਫਜਾਈ ਕੀਤੀ। ਇਸ ਮੌਕੇ ਹਲਕਾ ਵਿਧਾਇਕ ਹਾਕਮ ਸਿੰਘ ਠੇਕੇਦਾਰ, ਕਲੱਬ ਪ੍ਰਧਾਨ ਗੁਰਦੇਵ ਸਿੰਘ ਭੱਠੇ, ਰਮੇਸ਼ ਜੈਨ 'ਆਪ' ਬਲਾਕ ਪ੍ਰਧਾਨ, ਡਾ. ਸੰਜੀਵ ਚੋਪੜਾ, ਦਲੇਰ ਸਿੰਘ ਗਿੱਲ ਵੀ ਮੌਜੂਦ ਰਹੇ। ਕੈਬਨਿਟ ਮੰਤਰੀ ਸੌਂਦ ਨੇ ਟੂਰਨਾਮੈਂਟ ਦੇ ਖੇਡ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਕਿਹਾ ਨੌਜਵਾਨੀ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਕੀਤਾ ਗਿਆ ਉੱਦਮ ਸ਼ਲਾਘਾਯੋਗ ਹੈ। ਉਨ੍ਹਾਂ ਪਿੰਡ ਅਕਾਲਗੜ੍ਹ ਕਲਾਂ ਦੀ ਗ੍ਰਾਮ ਪੰਚਾਇਤ ਵਲੋਂ ਮੰਗ-ਪੱਤਰ ਰਾਹੀਂ ਦਿੱਤੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਦਿਆਂ ਚੋਣ ਜ਼ਾਬਤੇ ਤੋਂ ਬਾਅਦ ਪਿੰਡ 'ਚ ਵਿਕਾਸ ਕਾਰਜਾਂ ਜਲਦ ਸ਼ੁਰੂ ਹੋਣ ਬਾਰੇ ਕਿਹਾ। ਟੂਰਨਾਮੈਂਟ ਦੇ ਆਖਰੀ ਦਿਨ ਖੇਡ ਪ੍ਰੇਮੀਆਂ ਨਾਲ ਖਚਾ ਖੱਚ ਭਰੇ ਖੇਡ ਸਟੇਡੀਅਮ 'ਚ ਕੁਆਟਰ ਫਾਈਨਲ, ਸੈਮੀਫਾਈਨਲ ਤੇ ਫਾਈਨਲ ਮੈਚ ਖੇਡੇ ਗਏ। ਫਾਈਨਲ ਮੈਚ ਪੂਹਲੀ ਦੀ ਟੀਮ ਨੇ ਐਤੀਆਣਾ ਨੂੰ ਪਲੈਨਟੀ ਸਟਰੋਕ ਰਾਹੀਂ ਹਰਾ ਕੇ ਅਕਾਲਗੜ੍ਹ ਹਾਕੀ ਟੂਰਨਾਮੈਂਟ ਜਿੱਤਿਆ। ਅਕਾਲਗੜ੍ਹ ਹਾਕੀ ਟੂਰਨਾਮੈਂਟ ਜੇਤੂ ਟੀਮ ਪੂਹਲੀ ਨੂੰ ਹਲਕਾ ਰਾਏਕੋਟ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਕਾਮਿਲ ਅਮਰ ਸਿੰਘ, ਕਲੱਬ ਪ੍ਰਧਾਨ ਗੁਰਦੇਵ ਸਿੰਘ ਭੱਠੇ ਵਾਲੇ, ਸਰਪੰਚ ਸਵਰਨਜੀਤ ਕੌਰ, ਖੇਡ ਪ੍ਰਬੰਧਕ ਮਨਜਿੰਦਰ ਸਿੰਘ, ਮਾਸਟਰ ਜਗਦੀਪ ਸਿੰਘ ਵਿੱਕੀ, ਹਾਕੀ ਖਿਡਾਰੀ ਜਸਵੀਰ ਸਿੰਘ ਸਰਾਂ ਕੇਨੈਡਾ ਵਲੋਂ ਜੇਤੂ ਟਰਾਫੀ ਦੇ ਕੇ ਸਨਮਾਨਿਤ ਕੀਤਾ। ਅਖੀਰ 'ਚ ਟੂਰਨਾਮੈਂਟ ਕਮੇਟੀ ਵਲੋਂ ਦਰਸ਼ਕਾਂ ਲਈ ਲੱਕੀ ਡਰਾਅ ਰਾਹੀਂ ਇਨਾਮ ਕੱਢੇ ਗਏ। ਇਸ ਮੌਕੇ ਆਈ. ਏ. ਐੱਸ. ਹਰਚਰਨਜੀਤ ਸਿੰਘ, ਐੱਮ. ਡੀ. ਜਸਵੀਰ ਸਿੰਘ ਜੱਸੀ, ਐੱਸ. ਐੱਚ. ਓ. ਸੁਧਾਰ ਜਸਵਿੰਦਰ ਸਿੰਘ, ਸੁਖਦੀਪ ਸਿੰਘ ਗਿੱਲ, ਪ੍ਰਧਾਨ ਹਰਸ਼ ਜੈਨ, ਪੀ. ਏ. ਕਮਲ ਸੁਖਾਣਾ, ਅਮਨਦੀਪ ਸਿੰਘ ਮਾਂਗਟ, ਚੇਅਰਮੈਨ ਗੁਰਮਿੰਦਰ ਸਿੰਘ, ਸੁਖਨੰਦਨ ਸਿੰਘ ਕੈਨੇਡਾ, ਸੁਖਮਿੰਦਰ ਸਿੰਘ ਸੁੱਖੀ, ਹਰਦੇਵ ਸਿੰਘ ਸੈਂਬੀ, ਦਲੇਰ ਸਿੰਘ ਪ੍ਰਧਾਨ, ਹਰਿੰਦਰ ਸਿੰਘ ਗਿੱਲ, ਪੰਚ ਅਮਰਜੀਤ ਸਿੰਘ, ਜਸਵਿੰਦਰ ਸਿੰਘ ਲੋਟੇ, ਸਰਪੰਚ ਹਰਮੇਲ ਸਿੰਘ, ਮਾ: ਗੁਰਮੀਤ ਸਿੰਘ, ਹਰਸਤਿੰਦਰ ਸਿੰਘ ਗਿੱਲ, ਅਥਲੀਟ ਰਣਜੀਤ ਸਿੰਘ, ਗੁਰਦੀਪ ਸਿੰਘ, ਲੱਕੀ ਵੜਿੰਗ ਕੈਨੇਡਾ, ਸੁਰਿੰਦਰ ਸਿੰਘ ਗਰੇਵਾਲ, ਲਾਲ ਸਿੰਘ, ਜੋਤੀ ਸਰਾਂ, ਸੂਬੇਦਾਰ ਨਿਰਮਲ ਸਿੰਘ, ਪਰਮਿੰਦਰ ਸਿੰਘ, ਅਰਪਣ ਵਤਸ, ਪਾਲ ਬਾਬਾ, ਪਰਮਜੀਤ ਸਿੰਘ ਪੰਮਾ, ਜਗਮੋਹਨ ਸਿੰਘ, ਹਰਜੀਤ ਸਿੰਘ, ਲੱਕੀ ਬਜਾਜ, ਪੰਚ ਰਾਮਦੀਪ ਸਿੰਘ, ਪੰਚ ਕਿਰਨਜੀਤ ਕੌਰ ਆਦਿ ਹਾਜ਼ਰ ਸਨ।

ਟੂਰਨਾਮੈਂਟ ਦੌਰਾਨ ਹਾਕੀ ਟੀਮ ਨਾਲ ਯਾਦਗਾਰੀ ਤਸਵੀਰ ਮੌਕੇ ਕੈਬਨਿਟ ਮੰਤਰੀ ਤਰੁਨਜੋਤ ਸਿੰਘ ਸੌਂਦ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਪ੍ਰਧਾਨ ਗੁਰਦੇਵ ਸਿੰਘ ਭੱਠੇ ਵਾਲੇ, ਜਸਵੀਰ ਸਿੰਘ ਸਰਾਂ, ਰਮੇਸ਼ ਜੈਨ, ਸਰਪੰਚ ਸਵਰਨਜੀਤ ਕੌਰ, ਹਰਸ਼ ਜੈਨ, ਮਨਜਿੰਦਰ ਸਿੰਘ ਗਿੱਲ, ਮਾਸਟਰ ਜਗਦੀਪ ਸਿੰਘ ਜੀਤੀ, ਹਰਦੇਵ ਸਿੰਘ ਸੈਂਭੀ, ਪੰਚ ਅਮਰਜੀਤ ਸਿੰਘ ਸੋਨੂੰ ਆਦਿ। ਤਸਵੀਰ : ਜਗਪਾਲ ਸਿੰਘ ਸਿਵੀਆਂ

ਸੁਖਬੀਰ 'ਤੇ ਹੋਏ ਜਾਨਲੇਵਾ ਹਮਲੇ ਦੀ ਸੀ. ਬੀ. ਆਈ. ਜਾਂਚ ਕਰਵਾਈ ਜਾਵੇ-ਚੇਅਰਮੈਨ ਸਹਿਬਾਜਪੁਰਾ

ਰਾਏਕੋਟ, 8 ਦਸੰਬਰ (ਬਲਵਿੰਦਰ ਸਿੰਘ ਲਿੱਤਰ)-ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਉੱਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਚਾਰ-ਚੁਫੇਰਿਉਂ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਜਾ ਰਹੀ ਹੈ। ਇਸ ਮੌਕੇ ਵਿਧਾਨ ਸਭਾ ਹਲਕਾ ਰਾਏਕੋਟ ਦੇ ਸੀਨੀਅਰ ਅਕਾਲੀ ਆਗੂ, ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਤੇ ਮਾਰਕੀਟ ਕਮੇਟੀ ਰਾਏਕੋਟ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਸਹਿਬਾਜਪੁਰਾ ਨੇ ਆਖਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਲਗਾਈ ਗਈ ਧਾਰਮਿਕ ਸਜ਼ਾ ਵਜੋਂ ਸੇਵਾ ਕਰ ਰਹੇ ਸੁਖਬੀਰ ਸਿੰਘ ਬਾਦਲ ਉੱਪਰ ਜਾਨਲੇਵਾ ਹਮਲਾ ਅਤਿ ਨਿੰਦਣਯੋਗ ਹੈ। ਉਨ੍ਹਾਂ ਆਖਿਆ ਕਿ ਸੂਬੇ ਦੀ ਸੱਤ੍ਹਾਧਾਰੀ ਧਿਰ ਦੇ ਕਾਰਜਕਾਲ ਦੌਰਾਨ ਪੰਜਾਬ ਵਿਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਨਾਜ਼ੁਕ ਹੋ ਚੁੱਕੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਸੀ.ਬੀ.ਆਈ ਤੋਂ ਜਾਂਚ ਕਰਵਾਈ ਜਾਵੇ। ਹਮਲੇ ਦੀ ਗੁਰਦੁਆਰਾ ਕਮੇਟੀ ਪ੍ਰਧਾਨ ਜਗਸੀਰ ਸਿੰਘ ਗਰੇਵਾਲ, ਮੱਘਰ ਸਿੰਘ ਸਹਿਬਾਜਪੁਰਾ, ਕੁਲਦੀਪ ਸਿੰਘ ਉੱਪਲ, ਬ੍ਰਹਮਜੀਤ ਸਿੰਘ ਉੱਪਲ, ਕਰਮਜੀਤ ਸਿੰਘ ਚੀਮਾ, ਸੂਬੇਦਾਰ ਸਤਪਾਲ ਸਿੰਘ ਸਹਿਬਾਜਪੁਰਾ, ਅਜਮੇਰ ਸਿੰਘ, ਗੁਰਪ੍ਰੀਤ ਸਿੰਘ ਉੱਪਲ, ਨਿਰਮਲ ਸਿੰਘ ਨਿੰਬੂ, ਰਣਜੀਤ ਸਿੰਘ ਉੱਪਲ, ਕੇਸਰ ਸਿੰਘ, ਸੰਤੋਖ ਸਿੰਘ, ਪ੍ਰਧਾਨ ਜਸਵੀਰ ਕੌਰ ਆਦਿ ਨੇ ਨਿੰਦਾ ਕੀਤੀ।

ਗੁਰਦੁਆਰਾ ਭਜਨਗੜ੍ਹ ਸਾਹਿਬ ਜਗਰਾਉਂ ਵਿਖੇ ਨੌਵੇਂ ਪਾਤਿਸ਼ਾਹ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਦੌਰਾਨ ਬੱਚਿਆਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼। ਅਜੀਤ ਤਸਵੀਰ

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਬੱਚਿਆਂ ਦਾ ਸਮਾਗਮ

• ਬਾਣੀ ਪੜ੍ਹਨ ਦੇ ਨਾਲ ਬਾਣੀ ਕੰਠ ਕਰਨੀ ਤੇ ਵਿਚਾਰਨੀ ਵੀ ਜ਼ਰੂਰੀ-ਭਾਈ ਸੁਖਜੀਤ ਸਿੰਘ

ਜਗਰਾਉਂ, 8 ਦਸੰਬਰ (ਸ਼ਮਸ਼ੇਰ ਸਿੰਘ ਗਾਲਿਬ, ਹਰਵਿੰਦਰ ਸਿੰਘ ਖ਼ਾਲਸਾ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਸਿੱਖ ਮਿਸ਼ਨਰੀ ਕਾਲਜ ਸਰਕਲ ਜਗਰਾਉਂ ਵਲੋਂ ਬੱਚਿਆਂ ਦਾ ਸਮਾਗਮ ਕਰਵਾਇਆ। ਇਸ ਮੌਕੇ ਬੱਚਿਆਂ ਨੂੰ ਜਦੋਂ ਸਟੇਜ 'ਤੇ ਬੈਠ ਕੇ ਨੌਵੇਂ ਪਾਤਿਸ਼ਾਹ ਜੀ ਦੀ ਬਾਣੀ, ਨੌਵੇਂ ਮਹੱਲੇ ਦੇ ਸਲੋਕਾਂ ਦੀ ਬਾਣੀ ਆਪਣੀਆਂ ਮਿੱਠੀਆਂ, ਪਤਲੀਆਂ ਤੇ ਤੋਤਲੀਆਂ ਆਵਾਜ਼ਾਂ 'ਚ ਗਾਇਣ ਕੀਤੀ ਤਾਂ ਸੰਗਤਾਂ ਦਾ ਮਨ ਮੋਹਿਆ ਗਿਆ। ਸਮਾਗਮ ਦੌਰਾਨ ਇਕ ਬੱਚਾ ਸਲੋਕ ਦੀਆਂ ਪੰਗਤੀਆਂ ਪੜ੍ਹਦਾ ਤੇ ਫਿਰ ਦੂਜਾ, ਫਿਰ ਤੀਸਰਾ ਇਸੇ ਤਰ੍ਹਾਂ ਸਲੋਕ ਪੜ੍ਹਦੇ ਤੇ ਉਹ ਸ਼ਬਦ ਸੰਗਤਾਂ ਦੇ ਮਨਾਂ ਨੂੰ ਟੁੰਬਦੇ। ਉਨ੍ਹਾਂ 'ਚੋਂ ਇਕ ਛੋਟੇ ਜਿਹੇ ਬੱਚੇ ਨੇ ਸਲੋਕ ਦੀ ਵਿਆਖਿਆ ਵੀ ਕੀਤੀ, ਉਸ ਨੇ ਸਭ ਨੂੰ ਪ੍ਰਭਾਵਿਤ ਕੀਤਾ। ਸਾਰੇ ਬੱਚੇ ਇਕੋ ਜਿਹੀਆਂ ਦਸਤਾਰਾਂ ਸਜਾ ਕੇ ਤੇ ਇਕੋ ਜਿਹੀਆਂ ਪੌਸ਼ਾਕਾਂ ਪਹਿਨ ਕੇ ਬਾਣੀ ਗਾ ਰਹੇ ਸਨ। ਇਸ ਮੌਕੇ ਭਾਈ ਸੁਖਜੀਤ ਸਿੰਘ ਨੇ ਆਖਿਆ ਕਿ ਬਾਣੀ ਪੜ੍ਹਨੀ ਜਿੰਨੀ ਜ਼ਰੂਰੀ ਹੈ, ਓਨੀ ਕੰਠ ਕਰਨਾ ਤੇ ਗੁਰਬਾਣੀ ਨੂੰ ਵਿਚਾਰਨਾ ਵੀ ਜ਼ਰੂਰੀ ਹੈ। ਉਨ੍ਹਾਂ ਮਾਂ-ਬਾਪ ਨੂੰ ਆਪ ਗੁਰਬਾਣੀ ਪੜ੍ਹਨ ਲਈ ਕਿਹਾ ਤਾਂ ਜੋ ਬੱਚੇ ਵੀ ਵੇਖ ਕੇ ਗੁਰਬਾਣੀ ਪੜ੍ਹਨ ਅਤੇ ਵਿਚਾਰਨ। ਉਨ੍ਹਾਂ ਸੰਗਤਾਂ ਨੂੰ ਆਖਿਆ ਕਿ ਉਹ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਚੱਲ ਰਹੀਆਂ ਧਾਰਮਿਕ ਕਲਾਸਾਂ ਵਿਚ ਆਪਣੇ ਬੱਚਿਆਂ ਨੂੰ ਭੇਜਣ।

ਸਮਾਗਮ 'ਚ 37 ਛੋਟੇ-ਛੋਟੇ ਬੱਚਿਆਂ ਨੇ ਭਾਗ ਲਿਆ। ਇਸ ਮੌਕੇ ਬੱਚਿਆਂ ਦੇ ਉਤਸ਼ਾਹ ਨੂੰ ਵਧਾਉਣ ਲਈ ਪ੍ਰਬੰਧਕਾਂ ਨੇ ਉਨ੍ਹਾਂ ਨੂੰ ਇਨਾਮਾਂ ਨਾਲ ਨਿਵਾਜਿਆ। ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ, ਚਰਨਜੀਤ ਸਿੰਘ ਚੀਨੂੰ, ਅਮਰਜੀਤ ਸਿੰਘ ਉਬਰਾਏ, ਪਰਮਿੰਦਰ ਸਿੰਘ, ਜਸਪਾਲ ਸਿੰਘ ਛਾਬੜਾ, ਅਮਰੀਕ ਸਿੰਘ ਜਨਤਾ ਮੋਟਰ ਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਸਵ: ਗੁਰਬਖ਼ਸ਼ ਸਿੰਘ ਧਾਲੀਵਾਲ ਤੁਗਲ ਨੂੰ ਸ਼ਰਧਾਂਜਲੀਆਂ ਭੇਟ

ਪਿੰਡ ਤੁਗਲ ਵਿਖੇ ਸਾਬਕਾ ਸਰਪੰਚ ਤੇ ਸੰਮਤੀ ਮੈਂਬਰ ਸਵ: ਗੁਰਬਖ਼ਸ਼ ਸਿੰਘ ਧਾਲੀਵਾਲ ਨੂੰ ਸ਼ਰਧਾਂਜਲੀ ਭੇਟ ਕਰਦੇ ਵੱਖ-ਵੱਖ ਬੁਲਾਰੇ। ਤਸਵੀਰਾਂ : ਬਲਵਿੰਦਰ ਸਿੰਘ ਧਾਲੀਵਾਲ

ਗੁਰੂਸਰ ਸੁਧਾਰ, 8 ਦਸੰਬਰ (ਬਲਵਿੰਦਰ ਸਿੰਘ ਧਾਲੀਵਾਲ)-ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਸਰਪੰਚ ਤੇ ਸੰਮਤੀ ਮੈਂਬਰ ਸ: ਗੁਰਬਖ਼ਸ਼ ਸਿੰਘ ਧਾਲੀਵਾਲ ਨਮਿਤ ਸ਼ਰਧਾਂਜਲੀ ਸਮਾਗਮ ਪਿੰਡ ਤੁਗਲ ਦੇ ਗੁਰਦੁਆਰਾ ਛਪੜੀ ਸਾਹਿਬ ਪਾਤਿਸ਼ਾਹੀ ਛੇਵੀਂ ਵਿਖੇ ਹੋਇਆ। ਬੀਤੇ ਦਿਨਾਂ ਤੋਂ ਪ੍ਰਕਾਸ਼ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣ ਤੋਂ ਇਲਾਵਾ ਕੀਰਤਨੀ ਜਥੇ ਵਲੋਂ ਗੁਰਬਾਣੀ ਦਾ ਵੈਰਾਗਮਈ ਕੀਰਤਨ ਕੀਤਾ। ਅੰਤਿਮ ਅਰਦਾਸ ਉਪਰੰਤ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਯੂਥ ਕਾਂਗਰਸੀ ਆਗੂ ਕਾਮਿਲ ਅਮਰ ਸਿੰਘ ਨੇ ਕਿਹਾ ਕਿ ਪਿੰਡ ਤੁਗਲ ਤੇ ਹਲਕਾ ਰਾਏਕੋਟ ਅੰਦਰ ਸ: ਗੁਰਬਖ਼ਸ਼ ਸਿੰਘ ਧਾਲੀਵਾਲ ਦੀ ਆਪਣੀ ਇਕ ਵੱਖਰੀ ਪਹਿਚਾਣ ਸੀ ਕਿਉਂਕਿ ਰਾਜਨੀਤੀ ਅੰਦਰ ਅਸੂਲਾਂ 'ਤੇ ਪਹਿਰਾ ਦੇਣ ਵਾਲੇ ਸਵ: ਗੁਰਬਖ਼ਸ਼ ਸਿੰਘ ਚੱਟਾਨ ਵਾਂਗ ਖੜ੍ਹਨ ਵਾਲਾ ਵਿਅਕਤੀ ਸੀ ਤੇ ਉਸ ਦੇ ਅਕਾਲ ਚਲਾਣੇ ਨਾਲ ਕਾਂਗਰਸ ਪਾਰਟੀ ਤੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਭਾਜਪਾ ਜਰਨਲ ਸਕੱਤਰ ਲਖਵਿੰਦਰ ਸਿੰਘ ਸਪਰਾ, ਬਲਾਕ ਕਾਂਗਰਸ ਪ੍ਰਧਾਨ ਜਗਦੀਪ ਸਿੰਘ ਬਿੱਟੂ, ਜਥੇਦਾਰ ਰਾਜਵਿੰਦਰ ਸਿੰਘ ਹਿੱਸੋਵਾਲ, ਪੰਚਾਇਤ ਯੂਨੀਅਨ ਪ੍ਰਧਾਨ ਪਰਮਜੀਤ ਸਿੰਘ ਟੂਸਾ, ਸੁਖਪਾਲ ਸਿੰਘ ਗੋਂਦਵਾਲ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਜਸਦੇਵ ਸਿੰਘ ਲਲਤੋਂ, ਕਾਂਗਰਸ ਦੇ ਜ਼ਿਲ੍ਹਾ ਲੁਧਿਆਣਾ ਸਾਬਕਾ ਪ੍ਰਧਾਨ ਗੁਰਦੇਵ ਸਿੰਘ ਲਾਪਰਾਂ, ਪਰਮਜੀਤ ਸਿੰਘ ਸਿੱਧਵਾਂ ਆਦਿ ਬੁਲਾਰਿਆਂ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਰਾਜਸੀ ਤੌਰ 'ਤੇ ਚੇਤੰਨ ਸ਼ਖ਼ਸੀਅਤ ਗੁਰਬਖ਼ਸ਼ ਸਿੰਘ ਤੁਗਲ ਸੱਚੀ, ਸੁੱਚੀ ਸਿਆਸਤ ਕਰਨ ਦੇ ਨਾਲ-ਨਾਲ ਗਰੀਬਾਂ ਤੇ ਮਜ਼ਦੂਰਾਂ ਦੇ ਹੱਕਾਂ ਲਈ ਸਰਕਾਰਾਂ ਨਾਲ ਟੱਕਰ ਲੈਂਦਾ ਸੀ। ਵੱਖ-ਵੱਖ ਸ਼ਖ਼ਸੀਅਤਾਂ ਨੇ ਇਸ ਮੌਕੇ ਸਵ: ਧਾਲੀਵਾਲ ਦੀ ਪਤਨੀ ਅਮਰਜੀਤ ਕੌਰ, ਧੀ ਰਾਜਵੀਰ ਕੌਰ, ਦਾਮਾਦ ਜਸਮੀਤ ਸਿੰਘ, ਗੁਰਬੰਤ ਸਿੰਘ ਧਾਲੀਵਾਲ, ਜੋਰਾ ਸਿੰਘ ਧਾਲੀਵਾਲ, ਸੁਰਜੀਤ ਸਿੰਘ ਧਾਲੀਵਾਲ (ਤਿੰਨੇ ਭਰਾਵਾਂ) ਨਾਲ ਦੁੱਖ ਸਾਂਝਾ ਕਰਦਿਆਂ ਪ੍ਰਮਾਤਮਾ ਦਾ ਭਾਣਾ ਮੰਨਣ ਦੀ ਗੱਲ ਆਖੀ। ਸਟੇਜ ਸੰਚਾਲਨ ਲਖਵਿੰਦਰ ਸਿੰਘ ਸਪਰਾ ਵਲੋਂ ਕੀਤਾ ਗਿਆ। ਇਸ ਮੌਕੇ ਜਥੇਦਾਰ ਜਸਵਿੰਦਰ ਸਿੰਘ ਧਾਲੀਵਾਲ, ਸਾਬਕਾ ਸਰਪੰਚ ਗੁਰਮੀਤ ਸਿੰਘ